# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :10-12-2025**

**ਪਹਿਲਾਂ ਇਸ ਬੁਲੇਟਿਨ ਦੀਆਂ ਖਾਸ ਖਬਰਾਂ**

- ਮਨੁੱਖੀ ਅਧਿਕਾਰ ਦਿਵਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- ਨਿਆਂ ਤੱਕ ਪਹੁੰਚ ਹਰ ਵਿਅਕਤੀ ਦਾ ਜਨਮ ਸਿੱਧ ਅਧਿਕਾਰ ਹੋਣਾ ਚਾਹੀਦਾ ਏ।
- ਦੀਵਾਲੀ ਨੂੰ ਯੂਨੈਸਕੋ ਦੀ ਮਨੁੱਖਤਾ ਬਾਰੇ ਅਮੂਰਤ ਸੱਭਿਆਚਾਰਕ ਵਿਰਾਸਤ ਦੀ ਸੂਚੀ ਵਿੱਚ ਸ਼ਾਮਲ ਕੀਤਾ ਗਿਆ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ 'ਤੇ ਖੁਸ਼ੀ ਜ਼ਾਹਰ ਕੀਤੀ ਏ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ - ਜਾਪਾਨ ਅਤੇ ਦੱਖਣੀ ਕੋਰੀਆ ਦਾ ਦੌਰਾ ਸੂਬੇ ਦੀ ਉਦਯੋਗਿਕ ਤਰੱਕੀ ਵਿੱਚ ਇੱਕ ਨਵਾਂ ਮੀਲ ਪੱਥਰ ਸਾਬਤ ਹੋਵੇਗਾ I

ਅਤੇ

- ਪੰਜਾਬ ਤੇ ਹਰਿਆਣਾ ਦੇ ਪੁਲਿਸ ਅਧਿਕਾਰੀਆਂ ਵੱਲੋਂ ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀ ਚੋਣਾਂ ਨਿਰਪੱਖ,ਪਾਰਦਰਸ਼ੀ ਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਮੀਟਿੰਗ I

**ਹੁਣ ਖਬਰਾਂ ਵਿਸਥਾਰ ਨਾਲ**

------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਭਾਰਤ ਇੱਕ ਅਜਿਹਾ ਰਾਸ਼ਟਰ ਬਣਨ ਲਈ ਵਚਨਬੱਧ ਏ ਜਿੱਥੇ ਮਨੁੱਖੀ ਅਧਿਕਾਰਾਂ ਦੀ ਨਾ ਸਿਰਫ਼ ਰੱਖਿਆ ਕੀਤੀ ਜਾਂਦੀ ਏ , ਸਗੋਂ ਉਨ੍ਹਾਂ ਦਾ ਸਤਿਕਾਰ ਵੀ ਕੀਤਾ ਜਾਂਦਾ ਏ। ਨਵੀਂ ਦਿੱਲੀ ਵਿੱਚ ਮਨੁੱਖੀ ਅਧਿਕਾਰ ਦਿਵਸ 2025 ਅਤੇ ਰੋਜ਼ਾਨਾ ਜ਼ਰੂਰਤਾਂ ਨੂੰ ਯਕੀਨੀ ਬਣਾਉਣ ਬਾਰੇ ਰਾਸ਼ਟਰੀ ਸੰਮੇਲਨ ਨੂੰ ਸੰਬੋਧਨ ਕਰਦਿਆਂ ਰਾਸ਼ਟਰਪਤੀ ਨੇ ਕਿਹਾ ਕਿ ਮਾਣ-ਸਨਮਾਨ ਨਾਲ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਕਿਸੇ ਨੂੰ ਵੀ ਉਨ੍ਹਾਂ ਦੇ ਅਧਿਕਾਰਾਂ ਤੋਂ ਵਾਂਝਾ ਨਹੀਂ ਰੱਖਿਆ ਜਾਣਾ ਚਾਹੀਦਾ। ਰਾਸ਼ਟਰਪਤੀ ਨੇ ਕਿਹਾ ਕਿ ਮਨੁੱਖੀ ਅਧਿਕਾਰ ਦਿਵਸ ਇੱਕ ਨਿਆਂਪੂਰਨ, ਸਮਾਨਤਾਵਾਦੀ ਅਤੇ ਹਮਦਰਦ ਸਮਾਜ ਲਈ ਮੰਚ ਤੈਅ ਕਰਦਾ ਏ। ਉਨ੍ਹਾਂ ਕਿਹਾ ਕਿ ਨਿਆਂ

ਤੱਕ ਪਹੁੰਚ ਹਰ ਵਿਅਕਤੀ ਦਾ ਜਨਮ ਸਿੱਧ ਅਧਿਕਾਰ ਹੋਣਾ ਚਾਹੀਦਾ ਏ । BYTE:RNU101225A

ਸ਼੍ਰੀਮਤੀ ਮੁਰਮੂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਦੇਸ਼ ਦੀ ਸਵੈ-ਨਿਰਭਰਤਾ ਨੂੰ ਵੱਖ-ਵੱਖ ਪ੍ਰਭਾਵਸ਼ਾਲੀ ਸਰਕਾਰੀ ਯੋਜਨਾਵਾਂ, ਔਰਤਾਂ ਦੀ ਆਰਥਿਕ ਭਾਗੀਦਾਰੀ ਅਤੇ ਮਾਣ-ਸਨਮਾਨ ਰਾਹੀਂ ਮਜ਼ਬੂਤ ਕੀਤਾ ਗਿਆ ਏ । ਮਨੁੱਖੀ ਅਧਿਕਾਰ ਦਿਵਸ 1950 ਤੋਂ ਹਰ ਸਾਲ 10 ਦਸੰਬਰ ਨੂੰ ਮਨਾਇਆ ਜਾਂਦਾ ਏ ।

---------------------------------------------------------------

ਏਧਰ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਵਿੱਚ ਵੀ ਵਿਸ਼ਵ ਮਨੁੱਖੀ ਅਧਿਕਾਰ ਦਿਵਸ ਮੌਕੇ ਸਮਾਗਮ ਕਰਵਾਏ ਗਏ । ਜਲੰਧਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਜ਼ਿਲ੍ਹਾ ਅਤੇ ਸੈਸ਼ਨ ਜੱਜ ਨਿਰਭਉ ਸਿੰਘ ਗਿੱਲ ਦੀ ਅਗਵਾਈ ਹੇਠ ਅੱਜ ਇਕ ਪ੍ਰੋਗਰਾਮ ਮੈਰੀਟੋਰੀਅਸ ਸਕੂਲ ਦੇ ਕੈਂਪਸ ਵਿੱਚ ਕਰਵਾਇਆ ਗਿਆ। ਸਮਾਗਮ ਵਿੱਚ ਵਿਦਿਆਰਥੀਆਂ, ਅਧਿਆਪਕਾਂ, ਕਾਨੂੰਨੀ ਭਾਈਚਾਰੇ ਦੇ ਮੈਂਬਰਾਂ ਅਤੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਟੀਮ ਵੱਲੋਂ ਸ਼ਮੂਲੀਅਤ ਕੀਤੀ ਗਈ।

ਸਕੱਤਰ ਰਾਹੁਲ ਕੁਮਾਰ ਆਜ਼ਾਦ ਨੇ ਵਿਦਿਆਰਥੀਆਂ ਦੀ ਜਾਣਕਾਰੀ ਲਈ ਕਰਵਾਏ ਸੈਸ਼ਨ ਵਿੱਚ ਸਮਾਜ ਦੇ ਕਮਜ਼ੋਰ ਵਰਗਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪ੍ਰਦਾਨ ਕੀਤੀਆਂ ਜਾਂਦੀਆਂ ਕਾਨੂੰਨੀ ਸਹਾਇਤਾ ਸੇਵਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਮੁਫਤ ਕਾਨੂੰਨੀ ਸੇਵਾਵਾਂ ਦੇ ਅਧਿਕਾਰ ਅਤੇ ਨਿਆਂ ਪ੍ਰਾਪਤ ਕਰਨ ਲਈ ਉਪਲਬਧ ਵਿਧੀ 'ਤੇ ਜ਼ੋਰ ਦਿੱਤਾ । ਓਧਰ ਸ੍ਰੀ ਮੁਕਤਸਰ ਸਾਹਿਬ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸ਼ਿਵਾਲਿਕ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ 'ਯੂਥ ਅਗੇਂਸਟ ਡਰੱਗਸ' ਮੁਹਿੰਮ ਤਹਿਤ ਬੱਚਿਆਂ ਵੱਲੋਂ ਰੈਲੀ ਕੱਢੀ ਗਈ। ਇਸ ਰੈਲੀ ਨੂੰ ਸਿਵਲ ਜੱਜ ਹਿਮਾਂਸ਼ੂ ਅਰੋੜਾ ਨੇ ਰਵਾਨਾ ਕੀਤਾ।

---------------------------------------------------

ਭਾਰਤ ਦੇ ਪ੍ਰਮੁੱਖ ਸੱਭਿਆਚਾਰਕ ਅਤੇ ਅਧਿਆਤਮਿਕ ਤਿਓਹਾਰਾਂ ਵਿੱਚੋਂ ਇੱਕ, ਦੀਵਾਲੀ ਨੂੰ ਅੱਜ ਸੰਯੁਕਤ ਰਾਸ਼ਟਰ ਵਿਦਿਅਕ, ਵਿਗਿਆਨਕ ਅਤੇ ਸੱਭਿਆਚਾਰਕ ਸੰਗਠਨ (ਯੂਨੈਸਕੋ) ਦੀ ਮਨੁੱਖਤਾ ਦੀ ਅਮੂਰਤ ਸੱਭਿਆਚਾਰਕ ਵਿਰਾਸਤ ਦੀ ਸੂਚੀ ਵਿੱਚ ਸ਼ਾਮਲ ਕਰ ਲਿਆ ਏ ।

ਇਹ ਐਲਾਨ ਕਰਦਿਆਂ ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਕਿਹਾ ਕਿ ਇਹ ਹਰੇਕ ਭਾਰਤੀ ਲਈ ਇੱਕ ਭਾਵਨਾਤਮਕ ਪਲ ਏ। ਉਨ੍ਹਾਂ ਕਿਹਾ ਕਿ ਦੀਵਾਲੀ ਸਿਰਫ਼ ਮਨਾਈ ਨਹੀਂ ਜਾਂਦੀ, ਸਗੋਂ ਇਸਨੂੰ ਪੀੜ੍ਹੀ ਦਰ ਪੀੜ੍ਹੀ ਮਹਿਸੂਸ ਕੀਤਾ ਜਾਂਦਾ ਏ ਤੇ ਜੀਆ ਜਾਂਦਾ ਏ। ਸ੍ਰੀ ਸ਼ੇਖਾਵਤ ਨੇ ਕਿਹਾ ਕਿ ਇਹ ਮਾਨਤਾ ਸਿਰਫ਼ ਇੱਕ ਸਨਮਾਨ ਨਹੀਂ ਏ , ਸਗੋਂ ਇਹ ਯਕੀਨੀ ਬਣਾਉਣ ਦੀ ਜ਼ਿੰਮੇਵਾਰੀ ਏ ਕਿ ਦੀਵਾਲੀ ਇੱਕ ਜਿਉਂਦੀ ਜਾਗਦੀ ਵਿਰਾਸਤ ਬਣੀ ਰਹੇ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਅਤੇ ਦੁਨੀਆ ਭਰ ਦੇ ਲੋਕ ਅੱਜ ਯੂਨੈਸਕੋ ਦੀ ਅਮੂਰਤ ਸੱਭਿਆਚਾਰਕ ਵਿਰਾਸਤ ਸੂਚੀ ਵਿੱਚ ਦੀਪਾਵਲੀ ਨੂੰ ਸ਼ਾਮਲ ਕਰਨ ਨਾਲ ਬਹੁਤ ਖੁਸ਼ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਦੀਪਾਵਲੀ ਭਾਰਤ ਦੇ ਸਭਿਆਚਾਰ ਅਤੇ ਲੋਕਾਚਾਰ 'ਚ ਡੂੰਘਾਈ ਨਾਲ ਜੁੜੀ ਹੋਈ ਏ ਅਤੇ ਇਸ ਤਿਉਹਾਰ ਨੂੰ ਦੇਸ਼ ਦੀ ਸੱਭਿਅਤਾ ਦੀ ਆਤਮਾ ਕਰਾਰ ਦਿੱਤਾ।

---

**ਇਹ ਖਬਰਾਂ ਤੁਸੀਂ ਅਕਾਸ਼ਵਾਣੀ ਤੋਂ ਸੁਣ ਰਹੇ ਓ**

**ਸਾਡਾ x ਹੈਂਡਲ ਏ**

**AT THE RATE AIR RNU JALANDHAR**

**ਸਾਡਾ FACEBOOK PAGE ਏ -**

**RNU HYPHEN AIR JALANDHAR**

**ਅਤੇ**

**YOUTUBE ਤੇ ਸਾਡਾ CHENNEL ਏ -**

**AT THE RATE AIR JALANDHAR**

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਹਾਲ ਹੀ ਵਿੱਚ ਜਾਪਾਨ ਅਤੇ ਦੱਖਣੀ ਕੋਰੀਆ ਦੀ ਫੇਰੀ ਦੌਰਾਨ ਨਿਵੇਸ਼ਕਾਂ ਦਾ ਭਾਰੀ ਹੁੰਗਾਰਾ ਸੂਬੇ ਦੀ ਉਦਯੋਗਿਕ ਤਰੱਕੀ ਵਿੱਚ ਇੱਕ ਨਵਾਂ ਮੀਲ ਪੱਥਰ ਸਾਬਤ ਹੋਵੇਗਾ ਅਤੇ ਨਾਲ ਹੀ ਇਸਨੂੰ ਸਭ ਤੋਂ ਪਸੰਦੀਦਾ ਨਿਵੇਸ਼ ਸਥਾਨ ਵਜੋਂ ਹੋਰ ਮਜ਼ਬੂਤੀ ਦੇਵੇਗਾ। ਜਪਾਨ ਅਤੇ ਦੱਖਣੀ ਕੋਰੀਆ ਦੇ ਦੌਰਿਆਂ ਦੇ ਆਪਣੇ ਤਜਰਬੇ ਸਾਂਝੇ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ

ਉਨ੍ਹਾਂ ਨੇ ਪੰਜਾਬ ਨੂੰ ਦੁਨੀਆ ਭਰ ਵਿੱਚ ਉਦਯੋਗ ਦੇ ਉੱਭਰ ਰਹੇ ਕੇਂਦਰ ਵਜੋਂ ਦਰਸਾਇਆ। ਉਨ੍ਹਾਂ ਕਿਹਾ ਕਿ ਇਸ ਦੌਰੇ ਦਾ ਉਦੇਸ਼ ਸੂਬੇ ਵਿੱਚ ਨਿਵੇਸ਼ ਨੂੰ ਮਜ਼ਬੂਤ ਕਰਨਾ ਅਤੇ ਉਦਯੋਗਿਕ ਵਿਕਾਸ ਨੂੰ ਉਤਸ਼ਾਹਿਤ ਨੌਜਵਾਨਾਂ ਲਈ ਰੁਜ਼ਗਾਰ ਦੇ ਹੋਰ ਮੌਕੇ ਪੈਦਾ ਕਰਨਾ ਸੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਇਤਿਹਾਸਕ ਦੌਰਾ ਉਦਯੋਗਿਕ ਵਿਕਾਸ ਨੂੰ ਉੱਚ ਵਿਕਾਸ ਦੇ ਰਾਹ 'ਤੇ ਪਾ ਕੇ ਇਸ ਨੂੰ ਬਹੁਤ ਜ਼ਰੂਰੀ ਹੁਲਾਰਾ ਦੇਣ ਵਿੱਚ ਸਹਾਇਕ ਹੋਵੇਗਾ। ਮੁੱਖ ਮੰਤਰੀ ਨੇ ਕਿਹਾ ਕਿ ਇੱਕ ਮੀਟਿੰਗ ਦੌਰਾਨ ਜਾਪਾਨ ਬੈਂਕ ਫਾਰ ਇੰਟਰਨੈਸ਼ਨਲ ਕੋਆਪਰੇਸ਼ਨ ਦੇ ਸੀਨੀਅਰ ਮੈਨੇਜਿੰਗ ਡਾਇਰੈਕਟਰ ਓਗਾਵਾ ਕਾਜ਼ੂਨੋਰੀ ਨੇ, ਪੰਜਾਬ ਦੇ ਉਦਯੋਗਿਕ ਅਤੇ ਸਵੱਛ -ਊਰਜਾ ਪ੍ਰੋਜੈਕਟ ਤਜਵੀਜ਼ਾਂ ਦਾ ਮੁਲਾਂਕਣ ਕਰਨ ਵਿੱਚ ਦਿਲਚਸਪੀ ਦਿਖਾਈ । ਉਨ੍ਹਾਂ ਕਿਹਾ ਕਿ ਉਹ ਜਾਪਾਨੀ ਕੰਪਨੀ ਰਾਹੀਂ ਸੰਭਾਵੀ ਵਿੱਤ ਦੇ ਮੌਕਿਆਂ 'ਤੇ ਤਕਨੀਕੀ ਚਰਚਾ ਜਾਰੀ ਰੱਖਣ ਲਈ ਸਹਿਮਤ ਹੋਏ।

----------------------------------------------------------------------

ਸਰਕਾਰ ਨੇ ਕਿਹਾ ਏ ਕਿ ਅੰਮ੍ਰਿਤ ਭਾਰਤ ਸਟੇਸ਼ਨ ਯੋਜਨਾ ਤਹਿਤ 160 ਰੇਲਵੇ ਸਟੇਸ਼ਨਾਂ 'ਤੇ ਨਿਰਮਾਣ ਕਾਰਜ ਪੂਰਾ ਹੋ ਗਿਆ ਏ ।

ਅੱਜ ਲੋਕ ਸਭਾ ਵਿੱਚ ਇੱਕ ਪੂਰਕ ਸਵਾਲ ਦੇ ਜਵਾਬ ਵਿੱਚ, ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਵਿਕਾਸ ਲਈ 1300 ਤੋਂ ਵੱਧ ਸਟੇਸ਼ਨਾਂ ਦੀ ਪਛਾਣ ਕੀਤੀ ਗਈ ਏ। ਉਨ੍ਹਾਂ ਕਿਹਾ

BYTE:RNU101225

--------------------------------------------------------------------

ਇੰਡੀਗੋ ਏਅਰਲਾਈਨਸ ਵੱਲੋਂ 3 ਤੋਂ 10 ਦਸੰਬਰ ਤੱਕ ਰੱਦ ਕੀਤੀਆਂ ਗਈਆਂ ਉਡਾਣਾਂ ਕਾਰਨ ਪ੍ਰਭਾਵਿਤ ਹੋਏ ਹਜ਼ਾਰਾਂ ਮੁਸਾਫ਼ਰਾਂ ਲਈ ਹੁਣ ਰਾਹਤ ਦੀ ਖ਼ਬਰ ਏ। ਅੰਮ੍ਰਿਤਸਰ ਸਥਿਤ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ‘ਤੇ ਉਡਾਣਾਂ ਦਾ ਆਮ ਸੰਚਾਲਨ ਹੌਲੀ-ਹੌਲੀ ਮੁੜ ਸਥਿਰ ਹੋ ਰਿਹਾ ਏ। ਹਵਾਈ ਅੱਡਾ ਡਾਇਰੈਕਟਰ ਭੁਪਿੰਦਰ ਸਿੰਘ ਨੇ ਵੇਰਵੇ ਸਾਂਝੇ ਕਰਦਿਆਂ ਕਿਹਾ ਕਿ 14 ਤੋਂ 15 ਦਸੰਬਰ ਤੱਕ ਉਡਾਣਾਂ ਦਾ ਸੰਚਾਲਨ ਪੂਰੀ ਤਰ੍ਹਾਂ ਆਮ ਵਾਂਗ ਹੋਣ ਦੀ ਉਮੀਦ ਏ।

BYTE:RNU101225 ਭੁਪਿੰਦਰ ਸਿੰਘ,

--------------------------------------------------------------------

ਉੱਤਰੀ ਰੇਲਵੇ ਦੇ ਜੰਮੂ ਡਿਵੀਜ਼ਨ ਨੇ ਫਸੇ ਮੁਸਾਫ਼ਿਰਾਂ ਦੀ ਸਹੂਲਤ ਲਈ,

12 ਦਸੰਬਰ ਤੋਂ ਤਿੰਨ ਦਿਨਾਂ ਵਾਸਤੇ ਨਵੀਂ ਦਿੱਲੀ ਅਤੇ ਊਧਮਪੁਰ ਵਿਚਕਾਰ ਇੱਕ ਵਿਸ਼ੇਸ਼ ਵੰਦੇ ਭਾਰਤ ਰੇਲਗੱਡੀ ਚਲਾਉਣ ਦਾ ਐਲਾਨ ਕੀਤਾ ਏ। ਇਹ ਐਲਾਨ ਜੰਮੂ ਅਤੇ ਸ਼੍ਰੀਨਗਰ ਤੋਂ ਇੰਡੀਗੋ ਉਡਾਣਾਂ ਰੱਦ ਹੋਣ ਦੇ ਮੱਦੇਨਜ਼ਰ ਕੀਤਾ ਗਿਆ ਏ। ਨਵੀਂ ਦਿੱਲੀ ਤੋਂ ਊਧਮਪੁਰ ਵਿਸ਼ੇਸ਼ ਰੇਲਗੱਡੀ ਸਵੇਰੇ 6 ਵਜੇ ਰਵਾਨਾ ਹੋਵੇਗੀ ਅਤੇ ਦੁਪਹਿਰ 2 ਵਜੇ ਊਧਮਪੁਰ ਪਹੁੰਚੇਗੀ । ਇਹ ਰੇਲਗੱਡੀ ਅੰਬਾਲਾ ਕੈਂਟ, ਲੁਧਿਆਣਾ, ਪਠਾਨਕੋਟ ਕੈਂਟ ਅਤੇ ਜੰਮੂ ਤਵੀ ਸਮੇਤ ਹੋਰ ਸਟੇਸ਼ਨਾਂ 'ਤੇ ਰੁਕੇਗੀ । ਊਧਮਪੁਰ ਤੋਂ ਇਸਦੀ ਵਾਪਸੀ ਦੀ ਯਾਤਰਾ ਦੁਪਹਿਰ ਬਾਅਦ 3 ਵਜੇ ਸ਼ੁਰੂ ਹੋਵੇਗੀ ਅਤੇ ਰਾਤ 11 ਵਜੇ ਨਵੀਂ ਦਿੱਲੀ ਪਹੁੰਚੇਗੀ। ਇਹ ਵਿਸ਼ੇਸ਼ ਵੰਦੇ ਭਾਰਤ 20 ਡੱਬਿਆਂ ਨਾਲ ਚੱਲੇਗੀ। ਮੁਸਾਫ਼ਿਰਾਂ ਨੂੰ ਭਾਰਤੀ ਰੇਲਵੇ ਦੀ ਅਧਿਕਾਰਤ ਵੈੱਬਸਾਈਟ ਜਾਂ NTES ਐਪ ਰਾਹੀਂ ਪ੍ਰਮਾਣਿਕ ਰੇਲ ਜਾਣਕਾਰੀ ਦੀ ਜਾਂਚ ਕਰਨ ਦੀ ਸਲਾਹ ਦਿੱਤੀ ਗਈ ਏ ।

---

ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀ ਚੋਣਾਂ-2025 ਦੇ ਅਮਲ ਨੂੰ ਨਿਰਪੱਖ, ਪਾਰਦਰਸ਼ੀ ਅਤੇ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚੜ੍ਹਾਉਣਾ ਯਕੀਨੀ ਬਣਾਉਣ ਲਈ ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਡਾ. ਪ੍ਰੀਤੀ

ਯਾਦਵ ਦੀ ਪ੍ਰਧਾਨਗੀ ਹੇਠ ਪੰਜਾਬ ਤੇ ਹਰਿਆਣਾ ਦੇ ਗਵਾਂਢੀ ਜ਼ਿਲ੍ਹਿਆਂ ਦੇ ਸਿਵਲ ਪ੍ਰਸ਼ਾਸਨ ਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਅੰਤਰ ਰਾਜੀ ਤਾਲਮੇਲ ਮੀਟਿੰਗ ਕਰਕੇ ਰਣਨੀਤੀ ਬਣਾਈ। ਪੰਜਾਬ ਚੋਣ ਕਮਿਸ਼ਨ ਦੀਆਂ ਹਦਾਇਤਾਂ ਦੇ ਮੱਦੇਨਜ਼ਰ ਕੀਤੀ ਗਈ ਇਸ ਬੈਠਕ ਵਿੱਚ ਡਿਪਟੀ ਕਮਿਸ਼ਨਰ ਅੰਬਾਲਾ, ਕੈਥਲ ਦੇ ਡਿਪਟੀ ਕਮਿਸ਼ਨਰ ਤੇ ਐਸ.ਐਸ.ਪੀ, ਐਸ.ਡੀ.ਐਮ. ਸ਼ਾਹਬਾਦ, ਡੀ.ਐਸ.ਪੀ. ਗੂਹਲਾ, ਪਟਿਆਲਾ ਦੇ ਏ.ਡੀ.ਸੀ. ਦਿਹਾਤੀ ਵਿਕਾਸ ਦਮਨਜੀਤ ਸਿੰਘ ਮਾਨ, ਤੇ ਹੋਰ ਅਧਿਕਾਰੀ ਸ਼ਾਮਿਲ ਹੋਏ । ਕੱਲ 12 ਦਸੰਬਰ ਤੋਂ 24 ਘੰਟੇ ਅੰਤਰਰਾਜੀ ਸਾਂਝੇ ਨਾਕਿਆਂ, ਫੀਲਡ ਅਧਿਕਾਰੀਆਂ ਦਰਮਿਆਨ ਤਾਲਮੇਲ ਸਥਾਪਤ ਕਰਨ ਸਬੰਧੀ ਚਰਚਾ ਕੀਤੀ ਗਈ । ਬੈਠਕ ਵਿੱਚ ਅੰਬਾਲਾ, ਕੈਥਲ, ਜੀਂਦ ਤੇ ਕੁਰਕਸ਼ੇਤਰਾ ਦੇ ਡਿਪਟੀ ਕਮਿਸ਼ਨਰਾਂ ਤੇ ਪੁਲਿਸ ਅਧਿਕਾਰੀਆਂ ਵੱਲੋਂ ਚੋਣਾਂ ਦੌਰਾਨ ਪੂਰਨ ਸਹਿਯੋਗ ਦੇਣ ਲਈ ਸਹਿਮਤੀ ਦਿੱਤੀ ਗਈ। ਇਸ ਮੌਕੇ ਚੋਣਾਂ ਦੌਰਾਨ ਨਜ਼ਾਇਜ ਸ਼ਰਾਬ, ਹਥਿਆਰਾਂ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਚੋਣਾਂ ਨੂੰ ਪ੍ਰਭਾਵਿਤ ਕਰਨ ਲਈ ਨਗ਼ਦੀ

ਦੀ ਤਸਕਰੀ ਨੂੰ ਰੋਕਣ ਲਈ ਅੰਤਰ-ਰਾਜੀ ਨਾਕੇ ਲਗਾਉਣ ਸਮੇਤ ਲੋੜੀਂਦੀ ਸੂਚਨਾ ਤੁਰੰਤ ਸਾਂਝੀ ਕਰਨ ਅਤੇ ਦੋਵੇਂ ਰਾਜਾਂ ਦਰਮਿਆਨ ਲੱਗਦੀਆਂ ਮੁੱਖ ਸੜਕਾਂ ਤੋਂ ਇਲਾਵਾ ਲਿੰਕ ਰੋਡ, ਸਮੇਤ ਹੋਰਨਾਂ ਥਾਵਾਂ 'ਤੇ ਗਸ਼ਤ ਕਰਨ ਬਾਰੇ ਸਬੰਧੀ ਵੀ ਸਹਿਮਤੀ ਬਣਾਈ ਗਈ।

---------------------------------------------------------------------------

ਓਧਰ ਮਾਨਸਾ ਜ਼ਿਲ੍ਹੇ ਵਿੱਚ ਜ਼ਿਲ੍ਹਾ ਪਰਿਸ਼ਦ ਤੇ ਪੰਚਾਇਤ ਸਮਿਤੀ ਚੋਣਾਂ ਨੂੰ ਅਮਨ-ਸ਼ਾਤੀ ਨਾਲ ਨੇਪਰੇ ਚਾੜ੍ਹਨ ਲਈ ਪੁਲੀਸ ਵੱਲੋਂ ਐਸ.ਐਸ.ਪੀ ਭਾਗੀਰਥ ਸਿੰਘ ਮੀਨਾ ਦੀ ਅਗਵਾਈ ’ਚ ਅੱਜ ਵੱਖ-ਵੱਖ ਸਬ-ਡਵੀਜ਼ਨਾਂ ਵਿੱਚ ਫਲੈਗ ਮਾਰਚ ਕੱਢਿਆ ਗਿਆ। SSP ਨੇ ਦੱਸਿਆ ਕਿ ਮਾਨਸਾ ਸਮੇਤ ਬੁਢਲਾਡਾ, ਸਰਦੂਲਗੜ੍ਹ ਵਿਖੇ ਕੱਢੇ ਗਏ ਇਸ ਫਲੈਗ ਮਾਰਚ ਦਾ ਮੰਤਵ ਜਿਲ੍ਹਾ ਅੰਦਰ ਇਨ੍ਹਾਂ ਚੋਣਾਂ ਨੂੰ ਅਮਨ ਨਾਲ ਨੇਪਰੇ ਚਾੜਨਾ ਏ । ਉਨ੍ਹਾਂ ਲੋਕਾਂ ਨੂੰ ਬਿਨ੍ਹਾਂ ਕਿਸੇ ਡਰ ਭੈਅ ਤੋਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋ ਕਰਨ ਦੀ ਅਪੀਲ ਕੀਤੀ ।

---------------------------------------------------------------------------

ਫਿਰੋਜ਼ਪੁਰ ਡਿਵੀਜ਼ਨ ਦੀ ਵਪਾਰ ਵਿਕਾਸ ਇਕਾਈ ਦੀ ਟੀਮ ਨੇ ਡਿਵੀਜ਼ਨਲ ਰੇਲਵੇ ਮੈਨੇਜਰ, ਸੰਜੀਵ ਕੁਮਾਰ ਦੀ ਅਗਵਾਈ ਹੇਠ ਚੌਲਾਂ

ਦੇ ਵਪਾਰੀਆਂ ਨਾਲ ਲਗਾਤਾਰ ਮੀਟਿੰਗਾਂ ਕੀਤੀਆਂ ਨੇ। ਇਸ ਦੌਰਾਨ ਵਪਾਰੀਆਂ ਨੇ ਆਪਣੀਆਂ ਫੈਕਟਰੀਆਂ ਤੋਂ ਉਨ੍ਹਾਂ ਦੇ ਮੰਜ਼ਿਲ ਸਟੇਸ਼ਨਾਂ ਤੱਕ ਸਿੱਧੇ ਘਰ-ਘਰ ਸੇਵਾ ਦੀ ਜ਼ਰੂਰਤ ਪ੍ਰਗਟ ਕੀਤੀ । ਅੰਮ੍ਰਿਤਸਰ-ਤਰਨਤਾਰਨ ਚੌਲ ਉਤਪਾਦਕ ਖੇਤਰਾਂ ਤੋਂ ਚੌਲ ਉਤਪਾਦਕਾਂ ਦੇ ਸਾਮਾਨ ਨੂੰ ਰੇਲ ਰਾਹੀਂ ਸੁਰੱਖਿਅਤ, ਕਿਫ਼ਾਇਤੀ, ਸਮੇਂ ਸਿਰ ਅਤੇ ਘਰ-ਘਰ ਪਹੁੰਚਾਇਆ ਜਾ ਰਿਹਾ ਏ । ਸੀਨੀਅਰ ਡਿਵੀਜ਼ਨਲ ਕਮਰਸ਼ੀਅਲ ਮੈਨੇਜਰ , ਮਨੂ ਗਰਗ ਦੇ ਸਹਿਯੋਗ ਨਾਲ, ਚਾਰ ਸਾਲਾਂ ਦੇ ਵਕਫ਼ੇ ਤੋਂ ਬਾਅਦ ਅੰਮ੍ਰਿਤਸਰ-ਤਰਨਤਾਰਨ ਚੌਲ ਉਤਪਾਦਕ ਖੇਤਰਾਂ ਤੋਂ ਅੰਮ੍ਰਿਤਸਰ-ਤਰਨ ਤਾਰਨ ਰੂਟ 'ਤੇ ਰੇਲ ਆਵਾਜਾਈ ਦੀ ਸਫਲ ਵਾਪਸੀ ਫਿਰੋਜ਼ਪੁਰ ਡਿਵੀਜ਼ਨ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਏ । ਇਹਨਾਂ ਮੀਟਿੰਗਾਂ ਵਿੱਚ ਰਾਈਸ ਮਿੱਲ ਐਸੋਸੀਏਸ਼ਨ ਦੇ ਪ੍ਰਧਾਨ ਅਸ਼ੋਕ ਸੇਠੀ ਅਤੇ ਹੋਰ ਕਈ ਵੱਕਾਰੀ ਸੰਸਥਾਵਾਂ ਦੇ ਨੁਮਾਇੰਦੇ ਸ਼ਾਮਲ ਹੋਏ। ਇਸ ਪਹਿਲਕਦਮੀ ਤਹਿਤ, ਮੈਸਰਜ਼ ਏ.ਐਮ.ਡੀ.ਡੀ ਫੂਡਜ਼ ਨੇ ਦੋ ਕੰਟੇਨਰਾਂ ਦੀ ਬੇਨਤੀ ਕੀਤੀ ਸੀ, ਜਿਨ੍ਹਾਂ ਨੂੰ ਏ.ਐਮ.ਡੀ.ਡੀ ਫੂਡਜ਼ ਦੀ ਤਰਨ ਤਾਰਨ ਸਹੂਲਤ 'ਤੇ ਲੋਡ

ਕੀਤਾ ਗਿਆ ਅਤੇ ਸ਼ੁਰੂ ਵਿੱਚ ਅਹਿਮਦਗੜ੍ਹ ਸਟੇਸ਼ਨ ਤੋਂ ਭੇਜਿਆ ਗਿਆ ਏ । ਇਸ ਤੋਂ ਬਾਅਦ, ਇਹਨਾਂ ਕੰਟੇਨਰਾਂ ਨੂੰ ਰੇਲ ਰਾਹੀਂ ਚੇਨਈ ਲਿਜਾਇਆ ਜਾਵੇਗਾ।

---------------------------------------------------

**ਖਾਸ ਖਬਰਾਂ ਇੱਕ ਵਾਰ ਫੇਰ**

- ਮਨੁੱਖੀ ਅਧਿਕਾਰ ਦਿਵਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ- ਨਿਆਂ ਤੱਕ ਪਹੁੰਚ ਹਰ ਵਿਅਕਤੀ ਦਾ ਜਨਮ ਸਿੱਧ ਅਧਿਕਾਰ ਹੋਣਾ ਚਾਹੀਦਾ ਏ ।
- ਦੀਵਾਲੀ ਨੂੰ ਯੂਨੈਸਕੋ ਦੀ ਮਨੁੱਖਤਾ ਬਾਰੇ ਅਮੂਰਤ ਸੱਭਿਆਚਾਰਕ ਵਿਰਾਸਤ ਦੀ ਸੂਚੀ ਵਿੱਚ ਸ਼ਾਮਲ ਕੀਤਾ ਗਿਆ- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇਸ 'ਤੇ ਖੁਸ਼ੀ ਜ਼ਾਹਰ ਕੀਤੀ ਏ ।
- ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ - ਜਾਪਾਨ ਅਤੇ ਦੱਖਣੀ ਕੋਰੀਆ ਦਾ ਦੌਰਾ ਸੂਬੇ ਦੀ ਉਦਯੋਗਿਕ ਤਰੱਕੀ ਵਿੱਚ ਇੱਕ ਨਵਾਂ ਮੀਲ ਪੱਥਰ ਸਾਬਤ ਹੋਵੇਗਾ I

ਅਤੇ

- ਪੰਜਾਬ ਤੇ ਹਰਿਆਣਾ ਦੇ ਪੁਲਿਸ ਅਧਿਕਾਰੀਆਂ ਵੱਲੋਂ ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸੰਮਤੀ ਚੋਣਾਂ ਨਿਰਪੱਖ, ਪਾਰਦਰਸ਼ੀ ਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਮੀਟਿੰਗ I

**ਇਸਦੇ ਨਾਲ ਹੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ , ਸਾਡਾ ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋ ਗੇ ਠੀਕ ਸਾਢੇ 7 ਵਜੇ ਨਮਸਕਾਰ ।**